ਜਗ ਬਾਣੀ

FRIDAY • 01.11.2019



ਸ੍ਰੀ ਚਮਕੌਰ ਸਾਹਿਬ : 'ਰਨ ਫਾਰ ਯੂਨਿਟੀ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦੇ ਹੋਏ ਅਤੇ ਵਿਦਿਆਰਥੀਆਂ ਨੂੰ ਸਹੁੰ ਚੁਕਾਉਂਦੇ ਹੋਏ ਪ੍ਰਿੰਸੀਪਲ ਸੁਰਮੁੱਖ ਸਿੰਘ। (ਕੌਸ਼ਲ)

**ਸ੍ਰੀ ਚਮਕੌਰ ਸਾਹਿਬ, (ਕੌਸ਼ਲ)**–ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਵਿਖੇ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਸੁਰਮੁੱਖ ਸਿੰਘ ਨੇ 'ਰਨ ਫਾਰ ਯੂਨਿਟੀ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਉਨ੍ਹਾਂ ਲੱਗਭਗ 150 ਦੇ ਕਰੀਬ ਬਾਇਓਟੈਕਨਾਲੋਜੀ ਅਤੇ ਫੂਡ ਪ੍ਰੋਸੈਸਿੰਗ ਦੇ ਵਿਦਿਆਰਥੀਆਂ ਨੂੰ ਸਹੁੰ ਚੁਕਾਈ। ਉਨ੍ਹਾਂ ਦੱਸਿਆ ਕਿ ਅੱਜ ਸਮੁੱਚਾ ਦੇਸ਼ ਸਰਦਾਰ ਵੱਲਭ ਭਾਈ ਪਟੇਲ ਦੀ ਜੈਅੰਤੀ ਮਨਾ ਰਿਹਾ ਹੈ। ਸਰਦਾਰ ਪਟੇਲ ਅਜਿਹੇ ਲੋਹ ਪੁਰਸ਼ ਸਨ ਜਿਨ੍ਹਾਂ ਨੇ ਆਜ਼ਾਦੀ ਦੇ ਅੰਦੋਲਨ ਵਿਚ ਇਕ ਖਾਸ ਭੂਮਿਕਾ ਨਿਭਾਈ। ਅਜੋਕੇ ਸਮੇਂ ਵਿਚ ਏਕਤਾ ਲਈ ਜਾਗਰੂਕ ਹੋਣਾ ਜ਼ਰੂਰੀ ਹੈ। ਪ੍ਰੋਗਰਾਮ ਵਿਚ ਡਾ. ਮਮਤਾ ਅਰੋੜਾ ਮੁਖੀ ਬਾਇਓਟੈਕਨਾਲੋਜੀ ਅਤੇ ਫੂਡ ਪ੍ਰੋਸੈਸਿੰਗ ਵਿਭਾਗ ਨੇ ਹਿੰਦੁਸਤਾਨ ਨੂੰ ਤਾਕਤਵਰ, ਖੁਸ਼ਹਾਲ ਅਤੇ ਸਮਰੱਥਾਵਾਨ ਬਣਾਉਣ ਲਈ ਆਪੋ-ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਕਿਹਾ। ਇਸ ਸਮੇਂ ਪ੍ਰੋ. ਨਵਰੀਤ ਨੇ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਇਸ ਮੌਕੇ ਸਰਦਾਰ ਵੱਲਭ ਭਾਈ ਪਟੇਲ ਦੀ ਦੇਣ 'ਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ। ਇਸ ਮੌਕੇ ਡਾ. ਪਰਵਿੰਦਰ ਕੌਰ, ਪ੍ਰੋ. ਪਰਨੀਤ ਕੌਰ, ਪ੍ਰੋ. ਲਵ ਸਿੰਗਲਾ ਆਦਿ ਸ਼ਾਮਿਲ ਸਨ।